## ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 14-10-2024**

- ਪੰਜਾਬ ਵਿਚ ਭਲਕੇ ਹੋਣ ਵਾਲੀਆਂ ਗ੍ਰਾਮ ਪੰਚਾਇਤ ਚੋਣਾਂ ਦੇ ਮੱਦੇਨਜ਼ਰ, ਸੂਬੇ ਭਰ ਵਿਚ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਨੇ.
- ਪੰਜਾਬ ਦੇ ਆੜ੍ਹਤੀਆਂ ਤੇ ਚੌਲ ਮਿੱਲ ਮਾਲਕਾਂ ਨੂੰ ਵੱਡੀ ਰਾਹਤ ਦਿੰਦਿਆਂ, ਕੇਂਦਰ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੇਂਦਰੀ ਖਪਤਕਾਰ ਮਾਮਲੇ, ਖ਼ੁਰਾਕ ਤੇ ਜਨਤਕ ਵੰਡ ਮੰਤਰੀ ਨਾਲ ਮੀਟਿੰਗ ਦੌਰਾਨ ਚੁੱਕੀਆਂ ਮੁੱਖ ਮੰਗਾਂ ਨੂੰ ਮੰਨ ਲਿਆ ਏ।
- ਕਿਸਾਨਾਂ ਨੂੰ ਪਰਾਲੀ ਸਾੜ੍ਹਨ ਤੋਂ ਰੋਕਣ ਅਤੇ ਇਸਦੇ ਸੁਚਜੇ ਨਿਪਟਾਰੇ ਲਈ ਲਗਾਤਾਰ ਅਪੀਲ ਕੀਤੀ ਜਾ ਰਹੀ ਏ .
- ਆਉਣ ਵਾਲੇ ਪੂਰੇ ਹਫਤੇ ਦੌਰਾਨ ਪੰਜਾਬ ਵਿਚ ਮੌਸਮ ਸਾਫ਼ ਰਹੇਗਾ. ਮੀਂਹ ਸੰਬੰਧੀ ਕੋਈ ਅਲਰਟ ਨਹੀਂ ਏ .

---------------------------------------------------------------------------
ਪੰਜਾਬ ਵਿਚ ਭਲਕੇ ਹੋਣ ਵਾਲੀਆਂ ਗ੍ਰਾਮ ਪੰਚਾਇਤ ਚੋਣਾਂ ਦੇ ਮੱਦੇਨਜ਼ਰ, ਸੂਬੇ ਭਰ ਵਿਚ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਨੇ . ਚੋਣਾਂ ਨੂੰ ਅਮਨੋ – ਅਮਾਨ ਅਤੇ ਪਾਰਦਰਸ਼ਤਾ ਨਾਲ ਨੇਪਰੇ ਚੜਾਉਣ ਲਈ ਸਰਹੱਦੀ ਇਲਾਕਿਆਂ ਵਿਚ ਅਤੇ ਖਾਸ ਕਰਕੇ ਸਰਹੱਦੀ ਸੂਬਿਆਂ ਤੋਂ ਆਉਣ-ਜਾਣ ਵਾਲੇ ਰਸਤਿਆਂ ਉਤੇ ਅੰਤਰਰਾਜੀ ਨਾਕੇ ਲਾਕੇ ਵਾਹਨਾਂ ਦੀ ਚਕਿੰਗ ਕੀਤੀ ਜਾ ਰਹੀ ਏ . ਸੂਬੇ ਭਰ ਵਿਚ ਸੁਰੱਖਿਆ ਲਈ ਪੁਲਿਸ ਬਲਾਂ ਨੂੰ ਤੈਨਾਤ ਕੀਤਾ ਗਿਆ ਏ . ਸ੍ਰੀ ਮੁਕਤਸਰ ਸਾਹਿਬ ਦੇ ਜਿਲ੍ਹਾ ਮੈਜਿਸਟਰੇਟ ਰਾਜੇਸ਼ ਤ੍ਰਿਪਾਠੀ ਨੇ ਜ਼ਿਲ੍ਹੇ ਦੇ ਸਾਰੇ ਸਰਕਾਰੀ ਅਤੇ ਗੈਰ ਸਰਕਾਰੀ ਦਫਤਰਾਂ, ਬੈਂਕਾਂ,ਫੈਕਟਰੀਆਂ, ਆਦਿ ਵਿੱਚ ਕੱਲ ਹੋਣ ਵਾਲੀਆਂ ਪੰਚਾਇਤੀ ਚੋਣਾਂ ਨੂੰ ਮੁੱਖ ਰੱਖਦੇ ਹੋਏ ਪੇਡ ਛੁੱਟੀ ਕਰਨ ਦੀ ਘੋਸ਼ਣਾ ਕੀਤੀ ਏ। ਉਧਰ ਬਠਿੰਡਾ, ਦੇ ਜ਼ਿਲਾ ਚੋਣ ਅਫਸਰ-ਤੇ -ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਦੱਸਿਆ ਏ ਕਿ ਜ਼ਿਲ੍ਹੇ ਦੀਆਂ 318 ਗ੍ਰਾਮ ਪੰਚਾਇਤਾਂ ਵਿੱਚੋਂ 37 ਗ੍ਰਾਮ ਪੰਚਾਇਤਾਂ ਦੀ ਚੋਣ ਸਰਬ-ਸੰਮਤੀ ਨਾਲ ਹੋ ਗਈ ਏ । ਬਾਕੀ ਬਚਦੀਆਂ 281 ਗ੍ਰਾਮ ਪੰਚਾਇਤਾਂ ਲਈ

ਭਲਕੇ 15 ਅਕਤੂਬਰ ਨੂੰ ਵੋਟਿੰਗ ਹੋਵੇਗੀ । ਇਨ੍ਹਾਂ ਵੋਟਾਂ ਲਈ ਕਰੀਬ 5 ਹਜ਼ਾਰ ਚੋਣ ਅਮਲਾ ਤਾਇਨਾਤ ਕੀਤਾ ਗਿਆ ਏ ।

ਵੋਟਾਂ ਸਵੇਰੇ 8 ਤੋਂ ਸ਼ਾਮ 4 ਵਜੇ ਤੱਕ ਪੈਣਗੀਆਂ। ਇਸ ਉਪਰੰਤ ਪਈਆਂ ਵੋਟਾਂ ਦੀ ਗਿਣਤੀ ਹੋਵੇਗੀ ਤੇ ਨਤੀਜੇ ਐਲਾਨੇ ਜਾਣਗੇ । ਹੋਸ਼ਿਆਰਪੁਰ ਜ਼ਿਲ੍ਹੇ ਵਿਚ ਵੀ 1 ਹਜ਼ਾਰ 683 ਪੋਲਿੰਗ ਕੇਂਦਰਾਂ ’ਤੇ ਪੰਚਾਇਤੀ ਚੋਣਾਂ ਸਬੰਧੀ ਜ਼ਿਲ੍ਹਾ ਪ੍ਰਸ਼ਾਸ਼ਨ ਵਲੋਂ ਤਿਆਰੀਆਂ ਅਤੇ ਸਮੁੱਚੇ ਪ੍ਰਬੰਧ ਮੁਕੰਮਲ ਕਰ ਲਏ ਗਏ ਨੇ . ਡਿਪਟੀ ਕਮਿਸ਼ਨਰ ਤੇ ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਅਤੇ ਐਸ.ਐਸ.ਪੀ ਸੁਰੇਂਦਰ ਲਾਂਬਾ ਨੇ ਸਾਂਝੇ ਤੌਰ ‘ਤੇ ਅੱਜ ਜ਼ਿਲ੍ਹੇ ਦੀਆਂ ਵੱਖ-ਵੱਖ ਥਾਵਾਂ ‘ਤੇ ਪੋਲਿੰਗ ਪਾਰਟੀਆਂ ਅਤੇ ਸੁਰੱਖਿਆ ਬਲਾਂ ਨੂੰ ਰਵਾਨਾ ਕਰਨ ਤੋਂ ਪਹਿਲਾ ਡਿਸਪੈਚ ਬਰੀਫਿੰਗ ਕੀਤੀ। ਉਨ੍ਹਾਂ ਨੇ ਚੋਣ ਅਮਲੇ ਨੂੰ ਤਿਆਰੀਆਂ, ਸੁਰੱਖਿਆ ਵਿਵਸਥਾ ਅਤੇ ਵੋਟ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਕੀਤੇ ਗਏ ਪ੍ਰਬੰਧਾਂ ਦੀ ਜਾਣਕਾਰੀ ਦਿੱਤੀ । ਉਨ੍ਹਾਂ ਸਾਰੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਲਈ ਤੈਅ ਸਮੇਂ ‘ਤੇ ਪੋਲਿੰਗ ਸਟੇਸ਼ਨਾਂ ‘ਤੇ ਪਹੁੰਚਣ । ਉਧਰ ਫਰੀਦਕੋਟ ਦੇ ਜਿਲ੍ਹਾ ਚੋਣ ਅਫਸਰ ਤੇ

ਡਿਪਟੀ ਕਮਿਸ਼ਨਰ ਸ੍ਰੀ ਵਿਨੀਤ ਕੁਮਾਰ ਨੇ ਦਸਿਆ ਕਿ ਪੰਚਾਇਤੀ ਚੋਣਾਂ ਲਈ ਜਿਲ੍ਹੇ ਅੰਦਰ ਚੋਣਾਂ ਨੂੰ ਸ਼ਾਂਤੀਪੂਰਵਕ ਨੇਪਰੇ ਚਾੜ੍ਹਨ ਲਈ ਪੋਲਿੰਗ ਪਾਰਟੀਆਂ ਤੇ ਸੁਰੱਖਿਆ ਸਮੇਤ ਸਾਰੇ ਪ੍ਰਬੰਧ ਮੁਕੰਮਲ ਕਰ ਲਈ ਗਏ ਨੇ. ਉਨ੍ਹਾਂ ਦੱਸਿਆ ਕਿ ਜਿਲ੍ਹੇ ਦੀਆਂ ਪੰਚਾਇਤਾਂ ਲਈ 381 ਬੂਥਾਂ ਲਈ ਪੋਲਿੰਗ ਪਾਰਟੀਆਂ, ਸੁਰੱਖਿਆ ਦਸਤੇ ਆਦਿ ਨੂੰ ਸਬੰਧਤ ਐਸ.ਡੀ.ਐਮਜ਼ ਵੱਲੋਂ ਅੱਜ ਚੋਣ ਸਮੱਗਰੀ ਨਾਲ ਰਵਾਨਾ ਕਰ ਦਿੱਤਾ ਗਿਆ ਏ। ਉਨ੍ਹਾਂ ਜਿਲ੍ਹੇ ਦੇ ਪਿੰਡਾਂ ਦੇ ਸਮੂਹ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਅਮਨ ਸ਼ਾਂਤੀ ਦੀ ਸਥਿਤੀ ਬਣਾਈ ਰੱਖਣ ਅਤੇ ਬਿਨਾਂ ਕਿਸੇ ਡਰ ਅਤੇ ਤਣਾਅ ਮੁਕਤ ਹੋ ਕੇ ਆਪਣੀ ਵੋਟ ਦੀ ਵਰਤੋਂ ਕਰਕੇ ਆਪਣੇ ਪੰਸਦੀਦਾ ਵਿਅਕਤੀ ਦੀ ਚੋਣ ਕਰਨ।

-------------------------------------------------------------------------------

ਮੋਹਾਲੀ ‘ਚ ਵੀ ਭਲਕੇ ਹੋਣ ਵਾਲੀਆਂ ਪੰਚਾਇਤੀ ਚੋਣ ਲਈ ਤਿਆਰੀਆਂ ਮੁਕੰਮਲ ਨੇ. ਮੋਹਾਲੀ ਦੇ ਦਿਹਾਤੀ ਵਿਕਾਸ ਬਾਰੇ ADC, SONAM CHAUDHARY ਨੇ ਵਧੇਰੇ ਜਾਣਕਾਰੀ ਦਿੱਤੀ ਤੇ ਵੋਟਰਾਂ ਨੂੰ ਵੋਟ ਪਾਉਣ ਦੀ ਅਪੀਲ ਕੀਤੀ BYTE

-------------------------------------------------------------------------------

ਤਿਉਹਾਰਾਂ ਅਤੇ ਪੰਚਾਇਤੀ ਚੋਣਾਂ ਨੂੰ ਦੇਖਦੇ ਹੋਏ ਗੁਰਦਾਸਪੁਰ ਜਿਲਾ ਪੁਲਿਸ ਵੱਲੋਂ ਲਗਾਤਾਰ ਫਲੈਗ ਮਾਰਚ ਕੀਤੇ ਜਾ ਰਹੇ ਨੇ ਅਤੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਜਾ ਰਿਹਾ ਏ। ਇਸੇ ਕੜੀ ਤਹਿਤ ਧਾਰੀਵਾਲ ਸ਼ਹਿਰ ਵਿਖੇ ਵੀ SSP ਹਰੀਸ਼ ਕੁਮਾਰ ਦਾਇਮਾ ਦੀ ਪ੍ਰਧਾਨਗੀ ਹੇਠ ਫਲੈਗ ਮਾਰਚ ਕੀਤਾ ਗਿਆ। ਫਲੈਗ ਮਾਰਚ ਦੌਰਾਨ SSP ਨੇ ਚੋਣਾਂ ਅਤੇ ਤਿਉਹਾਰਾਂ ਦੌਰਾਨ ਸ਼ਰਾਰਤ ਕਰਨ ਦੀ ਕੋਸ਼ਿਸ਼ ਕਰਨ ਵਾਲਿਆਂ ਨੂੰ ਸਿੱਧੀ ਚੇਤਾਵਨੀ ਦਿੱਤੀ ਏ ਅਤੇ ਕਿਹਾ ਏ ਕਿ ਕੁਝ ਦਿਨ ਤੋਂ ਸ਼ਰਾਰਤ ਕਰਨ ਵਾਲਿਆਂ ਦੇ ਖਿਲਾਫ ਪੁਲਿਸ ਨੇ ਲਗਾਤਾਰ ਸਖਤ ਰਵਈਆ ਅਪਣਾਇਆ ਏ ਤੇ ਹੁਣ ਵੀ ਕਿਸੇ ਨੂੰ ਬਖਸ਼ਿਆ ਨਹੀਂ ਜਾਏਗਾ। ਇਹ ਵੀ ਕਿਹਾ ਗਿਆ ਏ ਕਿ ਤਿਉਹਾਰਾਂ ਤੇ ਪੰਚਾਇਤੀ ਚੋਣਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਸ਼ਰਾਰਤ ਨਹੀਂ ਹੋਣ ਦਿੱਤੀ ਜਾਵੇਗੀ। ਨਾਲ ਹੀ ਉਹਨਾਂ ਨੇ ਸ਼ਰਾਰਤੀ ਅਨਸਰਾਂ ਨੂੰ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਪੁਲਿਸ ਸ਼ਰਾਰਤ ਕਰਨ ਦੀ ਕੋਸ਼ਿਸ਼ ਕਰਨ ਵਾਲਿਆਂ ਦੇ ਖਿਲਾਫ ਸਖਤ ਰਵਈਆ ਅਪਨਾ ਰਹੀ ਏ ਅਤੇ ਲਗਾਤਾਰ ਇਹਨਾਂ ਦੇ ਖਿਲਾਫ ਕਾਰਵਾਈ ਵੀ ਕੀਤੀ ਜਾ ਰਹੀ ਏ।

--------------------------------------------------------------------------------

ਪੰਜਾਬ ਦੇ ਆੜ੍ਹਤੀਆਂ ਤੇ ਚੌਲ ਮਿੱਲ ਮਾਲਕਾਂ ਨੂੰ ਵੱਡੀ ਰਾਹਤ ਦਿੰਦਿਆਂ, ਕੇਂਦਰ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੇਂਦਰੀ ਖਪਤਕਾਰ ਮਾਮਲੇ, ਖੁਰਾਕ ਤੇ ਜਨਤਕ ਵੰਡ ਮੰਤਰੀ ਨਾਲ ਮੀਟਿੰਗ ਦੌਰਾਨ ਚੁੱਕੀਆਂ ਮੁੱਖ ਮੰਗਾਂ ਨੂੰ ਮੰਨ ਲਿਆ ਏ। ਕੇਂਦਰੀ ਖਪਤਕਾਰ ਮਾਮਲੇ, ਖੁਰਾਕ ਤੇ ਜਨਤਕ ਵੰਡ ਮੰਤਰੀ ਪ੍ਰਹਲਾਦ ਜੋਸ਼ੀ ਨਾਲ ਮੁਲਾਕਾਤ ਲਈ ਪੁੱਜੇ ਮੁੱਖ ਮੰਤਰੀ ਨੇ ਦੱਸਿਆ ਕਿ ਪੰਜਾਬ ਵਿੱਚ ਝੋਨੇ ਦੀ ਖ਼ਰੀਦ ਇਕ ਤਿਉਹਾਰ ਵਾਂਗ ਹੁੰਦੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਅਰਥਚਾਰਾ ਇਸ ਖ਼ਰੀਦ ਸੀਜ਼ਨ ਉਤੇ ਨਿਰਭਰ ਕਰਦਾ ਹੈ ਅਤੇ ਦੇਸ਼ ਦੀ ਖੁਰਾਕ ਸੁਰੱਖਿਆ ਯਕੀਨੀ ਬਣਾਉਣ ਲਈ ਵੀ ਇਹ ਸੀਜ਼ਨ ਅਹਿਮ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਮੌਜੂਦਾ ਸਾਉਣੀ ਖ਼ਰੀਦ ਸੀਜ਼ਨ 2024-25 ਦੌਰਾਨ ਪੰਜਾਬ ਵਿੱਚ 185 ਲੱਖ ਮੀਟਰਿਕ ਟਨ ਝੋਨੇ ਦੀ ਖ਼ਰੀਦ ਹੋਣ ਦੀ ਸੰਭਾਵਨਾ ਹੈ ਅਤੇ ਮਿਲਿੰਗ ਤੋਂ ਬਾਅਦ 125 ਲੱਖ ਮੀਟਰਿਕ ਟਨ ਚੌਲ ਦੀ ਡਿਲਵਰੀ ਹੋਣ ਦੀ ਉਮੀਦ ਹੈ। ਮੁੱਖ ਮੰਤਰੀ ਨੇ ਕਿਹਾ ਕਿ ਮੌਜੂਦਾ ਸੀਜ਼ਨ ਦੌਰਾਨ ਸਟੋਰੇਜ ਲਈ ਥਾਂ ਦੀ ਲਗਾਤਾਰ

ਘਾਟ ਆ ਰਹੀ ਹੈ ਅਤੇ ਹੁਣ ਤੱਕ ਸਿਰਫ਼ ਸੱਤ ਲੱਖ ਟਨ ਮੀਟਰਿਕ ਟਨ ਸਮਰੱਥਾ ਹੀ ਉਪਲਬਧ ਹੈ, ਜਿਸ ਕਾਰਨ ਮਿਲਿੰਗ ਕਰ ਰਹੇ ਸੂਬੇ ਦੇ ਮਿੱਲ ਮਾਲਕਾਂ ਵਿੱਚ ਵਿਆਪਕ ਰੋਸ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਨਾਲ ਮੰਡੀਆਂ ਵਿੱਚ ਝੋਨੇ ਦੀ ਖ਼ਰੀਦ/ਚੁਕਾਈ ਉਤੇ ਮਾੜਾ ਅਸਰ ਪੈ ਰਿਹਾ ਹੈ, ਜਿਸ ਕਾਰਨ ਕਿਸਾਨਾਂ ਵਿਚਕਾਰ ਵੀ ਰੋਸ ਪੈਦਾ ਹੋ ਰਿਹਾ ਹੈ। ਮੁੱਖ ਮੰਤਰੀ ਨੇ ਕੇਂਦਰੀ ਮੰਤਰੀ ਪ੍ਰਹਲਾਦ ਜੋਸ਼ੀ ਨੂੰ ਅਪੀਲ ਕੀਤੀ ਕਿ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਬਣਾਈ ਰੱਖਣ ਲਈ 31 ਮਾਰਚ 2025 ਸੂਬੇ ਤੋਂ ਘੱਟੋ-ਘੱਟ 20 ਫੀਸਦੀ ਅਨਾਜ ਦੀ ਚੁਕਾਈ ਯਕੀਨੀ ਬਣਾਈ ਜਾਵੇ। ਇਸ ਲਈ ਓ.ਐਮ.ਐਸ.ਐਸ./ਇਥਾਨੋਲ ਲਈ ਨਿਰਧਾਰਨ/ਬਰਾਮਦ/ਭਲਾਈ ਸਕੀਮਾਂ ਤੇ ਹੋਰ ਸ਼੍ਰੇਣੀਆਂ ਅਧੀਨ ਚੌਲ ਦੀ ਚੁਕਾਈ ਵਧਾਈ ਜਾਵੇ।

ਮੁੱਖ ਮੰਤਰੀ ਵੱਲੋਂ ਚੁੱਕੇ ਮੁੱਦਿਆਂ ਦੇ ਜਵਾਬ ਵਿੱਚ ਸ੍ਰੀ ਜੋਸ਼ੀ ਨੇ ਮਾਰਚ 2025 ਤੱਕ ਸੂਬੇ ਵਿੱਚੋਂ 120 ਲੱਖ ਮੀਟਰਿਕ ਟਨ ਝੋਨੇ ਦੀ ਚੁਕਾਈ ਕਰਵਾਉਣ ਦੀ ਸਹਿਮਤੀ ਦਿੱਤੀ।

---------------------------------------------------------------------------

ਡਿਪਟੀ ਕਮਿਸ਼ਨਰ ਗੁਰਦਾਸਪੁਰ ਉਮਾ ਸ਼ੰਕਰ ਗੁਪਤਾ ਦੀ, ਅਗਵਾਈ ਹੇਠ ਜਿਲ੍ਹਾ ਪ੍ਰਸ਼ਾਸਨ ਵਲੋਂ ਪਰਾਲੀ ਨਾ ਸਾੜਨ ਅਤੇ ਪਰਾਲੀ ਦੇ ਨੁਕਸਾਨਾਂ ਬਾਰੇ ਜਾਗਰੂਕ ਕਰਨ ਦੇ ਮੰਤਵ ਨਾਲ ਜਾਗਰੂਕਤਾ ਵੈਨਾਂ ਚਲਾਈਆਂ ਗਈਆਂ ਨੇ , ਜੋ ਅੱਜ ਬਲਾਕ ਕਾਦੀਆਂ ਦੇ ਪਿੰਡਾਂ ਮਨਸੂਰ ਕੇ, ਨਾਥਪੁਰ , ਰਾਮਪੁਰ,ਚੀਮਾ, ਭਿੱਟੇਵੱਡ,ਥਿੰਦ,ਧਾਰੀਵਾਲ,ਦੁਨੀਆ ਸੰਧੂ ਅਤੇ ਗਰੰਥਗੜ ਪਹੁੰਚੀਆਂ ਤੇ ਕਿਸਾਨਾਂ ਨੂੰ ਜਾਗਰੂਕ ਕੀਤਾ। ਇਸ ਸਬੰਧੀ ਜਾਣਕਾਰੀ ਐਸਡੀਐਮ ਬਟਾਲਾ, ਵਿਕਰਮਜੀਤ ਸਿੰਘ ਨੇ ਦੱਸਿਆ ਕਿ ਕਿਸਾਨਾਂ ਨੂੰ ਫ਼ਸਲਾਂ ਦੀ ਰਹਿੰਦ-ਖੂੰਹਦ ਸਾੜਨ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਲਈ ਤਿੰਨ ਪ੍ਰਚਾਰ ਵੈਨਾਂ ਰਵਾਨਾ ਚੱਲ ਰਹੀਆਂ ਨੇ ਅਤੇ ਜਾਗਰੂਕਤਾ ਵੈਨਾਂ ਰਾਹੀਂ ਝੋਨੇ ਦੀ ਪਰਾਲੀ ਨਾ ਸਾੜਨ ਦੇ ਨਾਲ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਵੀ ਜਾਗਰੂਕ ਕੀਤਾ ਜਾ ਰਿਹਾ ਏ । ਉਨ੍ਹਾਂ ਨੇ ਕਿਸਾਨਾਂ ਨੂੰ ਆਪਣੇ ਜੀਵਨ, ਚੋਗਿਰਦੇ ਤੇ ਧਰਤੀ ਨੂੰ ਸੰਭਾਲਣ ਲਈ ਪਰਾਲੀ ਨੂੰ ਬਿਨ੍ਹਾਂ ਅੱਗ ਲਗਾਏ ਸੰਭਾਲਣ ਜਾਂ ਜ਼ਮੀਨ ਵਿੱਚ ਹੀ ਵਾਹੁਣ 'ਤੇ ਜੋਰ ਦਿੰਦਿਆਂ ਕਿਹਾ ਕਿ ਦੋਵੇਂ ਤਕਨੀਕਾਂ ਨਾਲ

ਪਰਾਲੀ ਦਾ ਨਿਪਟਾਰਾ ਕਰਨ ਨੂੰ ਯਕੀਨੀ ਬਣਾਉਣ ਲਈ ਉਪਲੱਬਧ ਮਸ਼ੀਨਰੀ ਦੀ ਪੂਰੀ ਸਮਰੱਥਾ ਨਾਲ ਵਰਤੋਂ ਕੀਤੀ ਜਾਵੇ।

---------------------------------------------------------------------------------

ਪੰਜਾਬ ਵਿਚ ਖੇਤੀਬਾੜੀ ਵਿਭਾਗ ਵਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀਨੂੰ ਅੱਗ ਲਗਾਉਣ ਦੀ ਬਜਾਏ ਖੇਤਾਂ ਵਿੱਚ ਹੀ ਰਲਾਉਣ ਅਤੇ ਸੁਚੱਜੇ ਪ੍ਰਬੰਧਨ ਦੀ ਅਪੀਲ ਕੀਤੀ ਜਾ ਰਹੀ ਏ । ਮੋਗਾ ਦੇ ਕਿਸਾਨ ਜਰਨੈਲ ਸਿੰਘ ਨੇ ਪਰਾਲੀ ਨਾ ਸਾੜਨ ਬਾਰੇ ਕਿਹਾ ।**BYTE**

---------------------------------------------------------------------------------

ਫਰੀਦਕੋਟ ਜ਼ਿਲੇ ਅੰਦਰ ਝੋਨੇ ਦੀ ਸਰਕਾਰੀ ਖਰੀਦ ਦਾ ਕੰਮ ਲਗਾਤਾਰ ਜਾਰੀ ਹੈ ਤੇ ਵੱਖ ਵੱਖ ਏਜੰਸੀਆਂ ਵੱਲੋਂ ਬੀਤੀ ਸ਼ਾਮ ਤੱਕ 3 ਹਜ਼ਾਰ 399 ਮੀਟਰਕ ਟਨ ਝੋਨਾ ਖਰੀਦਿਆ ਜਾ ਚੁਕਿਆ ਏ । ਡਿਪਟੀ ਕਮਿਸ਼ਨਰ ਵਿਨੀਤ ਕੁਮਾਰ ਨੇ ਦੱਸਿਆ ਏ ਕਿ ਝੋਨੇ ਦੀ ਚੁਕਾਈ ਦਾ ਕੰਮ ਵੀ ਲਗਾਤਾਰ ਜੰਗੀ ਪੱਧਰ 'ਤੇ ਜਾਰੀ ਏ । ਉਨਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਬਿਲਕੁਲ ਸੁੱਕਾ ਝੋਨਾ ਹੀ ਮੰਡੀ ਵਿੱਚ ਲੈ ਕੇ ਆਉਣ ਤਾਂ ਜੋ ਉਨਾਂ ਨੂੰ ਕਿਸੇ ਕਿਸਮ ਦੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ । ਉਨ੍ਹਾਂ ਨੇ ਦੱਸਿਆ ਕਿ ਕੱਲ ਸ਼ਾਮ ਤੱਕ ਜਿਲ੍ਹੇ

ਦੀਆਂ ਵੱਖ ਵੱਖ ਮੰਡੀਆਂ ਵਿੱਚ ਝੋਨੇ ਦੀ 13 ਹਜ਼ਾਰ 377 ਮੀਟਰਕ ਟਨ ਦੀ ਆਮਦ ਹੋਈ ਅਤੇ ਖਰੀਦ ਦੇ ਅੰਕੜਿਆਂ ਮੁਤਾਬਕ 3 ਹਜ਼ਾਰ 399 ਮੀਟਰਕ ਟਨ ਵੱਖ ਵੱਖ ਏਜੰਸੀਆਂ ਵੱਲੋਂ ਖਰੀਦਿਆ ਗਿਆ ਏ ਇਸ ਮੌਕੇ ਡਿਪਟੀ ਕਮਿਸ਼ਨਰ ਫਰੀਦਕੋਟ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਝੌਨੇ ਦੀ ਕਟਾਈ ਦਾ ਸਮਾਂ ਸਵੇਰੇ 10 ਵਜੇ ਤੋਂ ਸਾਮ 06:00 ਵਜੇ ਤੱਕ ਦਾ ਤੈਅ ਕੀਤਾ ਗਿਆ ਏ ਤੇ ਇਹਨਾਂ ਹੁਕਮਾਂ ਦੀ ਪਾਲਣਾ ਵੀ ਯਕੀਨੀ ਬਣਾਈ ਜਾਵੇ। ਉਨ੍ਹਾਂ ਅਪੀਲ ਕੀਤੀ ਕਿ ਉਹ ਕਟਾਈ ਉਪਰੰਤ ਝੋਨੇ ਦੀ ਰਹਿੰਦ ਖੂੰਹਦ ਨੂੰ ਖੇਤਾਂ ਵਿੱਚ ਹੀ ਰਲਾਉਣ ਅਤੇ ਪਰਾਲੀ ਨੂੰ ਅੱਗ ਨਾ ਲਾਉਣ. ਉਨ੍ਹਾਂ ਦੱਸਿਆ ਕਿ ਅੱਗ ਲਾਉਣ ਵਾਲੇ ਕਿਸਾਨਾਂ ਦੇ ਚਲਾਨ ਕੱਟੇ ਜਾਣਗੇ,ਇਸ ਦੇ ਨਾਲ ਹੀ ਜੋ ਕਿਸਾਨ ਪਰਾਲੀ ਨੂੰ ਅੱਗ ਨਹੀਂ ਲਗਾਉਣਗੇ ਉਨਾਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ।

----------------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸ਼੍ਰੀ ਹਰਿਮੰਦਰ ਸਾਹਿਬ ਦਰਸ਼ਨ ਕਰਨ ਪੁੱਜੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਹਨਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ

ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਰਾਮਦਾਸ ਜੀ ਦਾ ਪ੍ਰਕਾਸ਼ ਪੁਰਬ 18 ਅਤੇ 19 ਅਕਤੂਬਰ ਨੂੰ ਸ਼ਰਧਾ ਅਤੇ ਉਤਸ਼ਾਹ ਸਹਿਤ ਮਨਾਇਆ ਜਾ ਰਿਹਾ ਏ . 18 ਅਕਤੂਬਰ ਨੂੰ ਸ੍ਰੀ ਅਕਾਲ ਤਖਤ ਸਾਹਿਬ ਤੋਂ ਵਿਸ਼ਾਲ ਨਗਰ ਕੀਰਤਨ ਸਜਾਇਆ ਜਾਵੇਗਾ ਅਤੇ ਰਾਤ ਨੂੰ ਰਾਗ ਦਰਬਾਰ ਹੋਵੇਗਾ .19 ਅਕਤੂਬਰ ਨੂੰ ਪ੍ਰਕਾਸ਼ ਪੁਰਬ ਮੌਕੇ ਵਿਸ਼ੇਸ਼ ਦੀਵਾਨ ਸਜਾਏ ਜਾਣਗੇ। ਉਹਨਾਂ ਕਿਹਾ ਕਿ ਪ੍ਰਕਾਸ਼ ਪੁਰਬ ਮੌਕੇ ਦੇਸ਼- ਵਿਦੇਸ਼ ਤੋਂ ਆਉਣ ਵਾਲੀਆਂ ਸੰਗਤਾਂ ਲਈ ਰਿਹਾਇਸ਼ ਅਤੇ ਹੋਰ ਲੋੜੀਂਦੇ ਪ੍ਰਬੰਧ ਕੀਤੇ ਜਾ ਰਹੇ ਨੇ .

---------------------------------------------------------------------------------

ਆਉਣ ਵਾਲੇ ਪੂਰੇ ਹਫ਼ਤੇ ਦੌਰਾਨ ਪੰਜਾਬ ਵਿੱਚ ਮੌਸਮ ਸਾਫ਼ ਰਹੇਗਾ । ਮੀਂਹ ਸੰਬਧੀ ਕੋਈ ਅਲਰਟ ਨਹੀਂ ਕੀਤਾ ਗਿਆ । ਹਾਲਾਂਕਿ ਵਧ ਰਿਹਾ ਹਵਾ ਪ੍ਰਦੂਸ਼ਣ ਚਿੰਤਾ ਦਾ ਕਾਰਨ ਬਣਿਆ ਹੋਇਆ ਏ । ਸੂਬੇ ਵਿੱਚ ਪਰਾਲੀ ਸਾੜਨ ਦੇ ਮਾਮਲੇ ਸਾਹਮਣੇ ਆ ਰਹੇ ਨੇ । ਇਸ ਕਾਰਨ ਪ੍ਰਦੂਸ਼ਣ ਦਾ ਪੱਧਰ ਵੀ ਵਧਣਾ ਸ਼ੁਰੂ ਹੋ ਗਿਆ ਏ । ਸਵੇਰੇ 5 ਵਜੇ ਬਠਿੰਡਾ ਦਾ ਏ.ਓ.ਆਈ ਪੱਧਰ 192 ਦਰਜ ਕੀਤਾ ਗਿਆ । ਜਦੋਂ ਕਿ ਮੰਡੀ ਗੋਬਿੰਦਗੜ੍ਹ ਦਾ 126, ਪਟਿਆਲਾ 104 ਅਤੇ ਲੁਧਿਆਣਾ ਦਾ

ਏ.ਓ.ਆਈ ਪੱਧਰ 114 ਦਰਜ ਕੀਤਾ ਗਿਆ ਏ । ਭਾਵੇਂ ਸੂਬਾ ਸਰਕਾਰ ਪਰਾਲੀ ਨਾ ਸਾੜਨ ਲਈ ਲੋਕਾਂ ਨੂੰ ਜਾਗਰੂਕ ਕਰ ਰਹੀ ਏ, ਪਰ ਇਸ ਤੋਂ ਬਾਅਦ ਵੀ ਇਹ ਮਾਮਲੇ ਰੁਕ ਨਹੀਂ ਰਹੇ । ਕੱਲ ਪਰਾਲੀ ਸਾੜਨ ਦੇ ਕੁੱਲ 162 ਮਾਮਲੇ ਦਰਜ ਕੀਤੇ ਗਏ। ਅੰਮ੍ਰਿਤਸਰ ਵਿੱਚ ਪਰਾਲੀ ਸਾੜਨ ਦੇ 48 ਮਾਮਲੇ , ਪਟਿਆਲਾ ਵਿੱਚ 26, ਤਰਨਤਾਰਨ 38, ਸੰਗਰੂਰ 16, ਮਲੇਰਕੋਟਲਾ, ਗੁਰਦਾਸਪੁਰ ਅਤੇ ਕਪੂਰਥਲਾ ਵਿੱਚ ਚਾਰ-ਚਾਰ ਮਾਮਲੇ ਦਰਜ ਕੀਤੇ ਗਏ ਨੇ ।

---

- ਪੰਜਾਬ ਵਿਚ ਭਲਕੇ ਹੋਣ ਵਾਲੀਆਂ ਗ੍ਰਾਮ ਪੰਚਾਇਤ ਚੋਣਾਂ ਦੇ ਮੱਦੇਨਜ਼ਰ, ਸੂਬੇ ਭਰ ਵਿਚ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਨੇ.
- ਪੰਜਾਬ ਦੇ ਆੜ੍ਹਤੀਆਂ ਤੇ ਚੌਲ ਮਿੱਲ ਮਾਲਕਾਂ ਨੂੰ ਵੱਡੀ ਰਾਹਤ ਦਿੰਦਿਆਂ, ਕੇਂਦਰ ਸਰਕਾਰ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੇਂਦਰੀ ਖਪਤਕਾਰ ਮਾਮਲੇ, ਖੁਰਾਕ ਤੇ ਜਨਤਕ ਵੰਡ ਮੰਤਰੀ ਨਾਲ ਮੀਟਿੰਗ ਦੌਰਾਨ ਚੁੱਕੀਆਂ ਮੁੱਖ ਮੰਗਾਂ ਨੂੰ ਮੰਨ ਲਿਆ ਏ।

- ਕਿਸਾਨਾਂ ਨੂੰ ਪਰਾਲੀ ਸਾੜ੍ਹਨ ਤੋਂ ਰੋਕਣ ਅਤੇ ਇਸਦੇ ਸੁਚਜੇ ਨਿਪਟਾਰੇ ਲਈ ਲਗਾਤਾਰ ਅਪੀਲ ਕੀਤੀ ਜਾ ਰਹੀ ਏ .
- ਆਉਣ ਵਾਲੇ ਪੂਰੇ ਹਫਤੇ ਦੌਰਾਨ ਪੰਜਾਬ ਵਿਚ ਮੌਸਮ ਸਾਫ਼ ਰਹੇਗਾ. ਮींह ਸੰਬੰਧੀ ਕੋਈ ਅਲਰਟ ਨਹੀਂ ਏ .